ਗਉੜੀ ਗੁਆਰੇਰੀ ਮਹਲਾ ੫ ॥ ਹਮ ਧਨਵੰਤ ਭਾਗਠ ਸਚ ਨਾਇ ॥ ਹਰਿ ਗੁ ਣ ਗਾਵਹ ਸਹਜਿ ਸੁਭਾਇ ॥੧॥ ਰਹਾਉ ॥ ਪੀਊ ਦਾਦੇ ਕਾ ਖੋਲਿ ਡਿਠਾ ਖਜਾਨਾ ॥ ਤਾ ਮੇਰੈ ਮਨਿ ਭਇਆ ਨਿਧਾਨਾ ॥੧॥ ਰਤਨ ਲਾਲ ਜਾ ਕਾ ਕਛੂ ਨ ਮੋਲੁ ॥ ਭਰੇ ਭੰਡਾਰ ਅਖੂਟ ਅਤੋਲ ॥੨॥ ਖਾਵਹਿ ਖਰਚਹਿ ਰਲਿ ਮਿਲਿ ਭਾਈ ॥ ਤੋਟਿ ਨ ਆਵੈ ਵਧਦੋ ਜਾਈ ॥੩॥ ਕਹੁ ਨਾਨਕ ਜਿਸੁ ਮਸਤਕਿ ਲੇਖੁ ਲਿਖਾਇ ॥ ਸੁ ਏਤੁ ਖਜਾਨੈ ਲਇਆ ਰਲਾਇ ॥੪॥੩੧॥੧੦੦॥ {ਪੰਨਾ 186}

ਪਦਅਰਥ:- ਧਨਵੰਤ—ਧਨ ਵਾਲੇ, ਧਨਾਢ। ਭਾਗਠ—ਭਾਗਾਂ ਵਾਲੇ। ਨਾਇ—ਨਾਮ ਦੀ ਰਾਹੀਂ। ਸਚ ਨਾਇ—ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ। ਗਾਵਹ—ਅਸੀਂ ਗਾਂਦੇ ਹਾਂ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਇ—ਸ੍ਰੇਸ਼ਟ ਪ੍ਰੇਮ ਵਿਚ।1। ਰਹਾਉ।

ਖੋਲਿ—ਖੋਲ੍ਹ ਕੇ। ਤਾ—ਤਦੋਂ। ਮਨਿ—ਮਨ ਵਿਚ। ਨਿਧਾਨਾ—ਖ਼ਜ਼ਾਨਾ।1।

ਜਾ ਕਾ—ਜਿਨ੍ਹਾਂ ਦਾ। ਅਖੂਟ—ਨਾਹ ਮੁੱਕਣ ਵਾਲੇ।2।

ਰਲਿ ਮਿਲਿ—ਇਕੱਠੇ ਹੋ ਕੇ।3।

ਮਸਤਕਿ—ਮੱਥੇ ਉਤੇ। ਏਤੁ—ਇਸ ਵਿਚ। ਏਤੁ ਖਜਾਨੈ—ਇਸ ਖ਼ਜ਼ਾਨੇ ਵਿਚ।4।

ਅਰਥ:- (ਜਿਉਂ ਜਿਉਂ) ਅਸੀਂ ਪਰਮਾਤਮਾ ਦੇ ਗੁਣ (ਮਿਲ ਕੇ) ਗਾਂਦੇ ਹਾਂ, ਸਦਾ-ਥਿਰ ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਅਸੀਂ (ਪਰਮਾਤਮਾ ਦੇ ਨਾਮ-ਧਨ ਦੇ) ਧਨੀ ਬਣਦੇ ਜਾ ਰਹੇ ਹਾਂ, ਭਾਗਾਂ ਵਾਲੇ ਬਣਦੇ ਜਾ ਰਹੇ ਹਾਂ, ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਾਂ, ਪ੍ਰੇਮ ਵਿਚ ਮਗਨ ਰਹਿੰਦੇ ਹਾਂ।1। ਰਹਾਉ।

ਜਦੋਂ ਮੈਂ ਗੁਰੂ ਨਾਨਕ ਦੇਵ ਤੋਂ ਲੈ ਕੇ ਸਾਰੇ ਗੁਰੂ ਸਾਹਿਬਾਨ ਦਾ ਬਾਣੀ ਦਾ ਖ਼ਜ਼ਾਨਾ ਖੋਲ੍ਹ ਕੇ ਵੇਖਿਆ, ਤਦੋਂ ਮੇਰੇ ਮਨ ਵਿਚ ਆਤਮਕ ਆਨੰਦ ਦਾ ਭੰਡਾਰ ਭਰਿਆ ਗਿਆ।1।

{ਨੋਟ:- ਪਾਠਕ ਧਿਆਨ ਨਾਲ ਪੜ੍ਹਨ—ਖੋਲ੍ਹ ਕੇ "ਵੇਖਿਆ", ਨਾ ਕਿ "ਇਕੱਠਾ ਕੀਤਾ"। ਗੁਰੂ ਅਰਜਨ ਸਾਹਿਬ ਨੇ ਸਾਰੇ ਗੁਰੂ ਸਾਹਿਬਾਨ ਦੀ ਬਾਣੀ ਆਪ ਇਕੱਠੀ ਨਹੀਂ ਕੀਤੀ, ਇਹਨਾਂ ਨੂੰ ਸਾਰੀ ਦੀ ਸਾਰੀ ਇਕੱਠੀ ਹੋਈ ਹੋਈ ਗੁਰੂ ਰਾਮਦਾਸ ਜੀ ਤੋਂ ਮਿਲ ਗਈ}।

ਇਸ ਖ਼ਜ਼ਾਨੇ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਅਮੋਲਕ ਰਤਨਾਂ ਲਾਲਾਂ ਦੇ ਭੰਡਾਰੇ ਭਰੇ ਹੋਏ (ਮੈਂ ਵੇਖੇ), ਜੇਹੜੇ ਕਦੇ ਮੁੱਕ ਨਹੀਂ ਸਕਦੇ, ਜੇਹੜੇ, ਤੋਲੇ ਨਹੀਂ ਜਾ ਸਕਦੇ।2।

ਹੇ ਭਾਈ! ਜੇਹੜੇ ਮਨੁੱਖ (ਸਤਸੰਗ ਵਿਚ) ਇਕੱਠੇ ਹੋ ਕੇ ਇਹਨਾਂ ਭੰਡਾਰਿਆਂ ਨੂੰ ਆਪ ਵਰਤਦੇ ਹਨ ਤੇ ਹੋਰਨਾਂ ਨੂੰ ਭੀ ਵੰਡਦੇ ਹਨ, ਉਹਨਾਂ ਦੇ ਪਾਸ ਇਸ ਖ਼ਜ਼ਾਨੇ ਦੀ ਕਮੀ ਨਹੀਂ ਹੁੰਦੀ, ਸਗੋਂ ਹੋਰ ਹੋਰ ਵਧਦਾ ਹੈ।3।

(ਪਰ) ਹੇ ਨਾਨਕ! ਆਖ—ਜਿਸ ਮਨੁੱਖ ਦੇ ਮੱਥੇ ਉਤੇ ਪਰਮਾਤਮਾ ਦੀ ਬਖ਼ਸ਼ਸ਼ ਦਾ ਲੇਖ ਲਿਖਿਆ ਹੁੰਦਾ ਹੈ, ਉਹੀ ਇਸ (ਸਿਫ਼ਤਿ-ਸਾਲਾਹ ਦੇ) ਖ਼ਜ਼ਾਨੇ ਵਿਚ ਸਾਂਝੀਵਾਲ ਬਣਾਇਆ ਜਾਂਦਾ ਹੈ (ਭਾਵ, ਉਹੀ ਸਾਧ ਸੰਗਤਿ ਵਿਚ ਆ ਕੇ ਸਿਫ਼ਤਿ-ਸਾਲਾਹ ਦੀ ਬਾਣੀ ਦਾ ਆਨੰਦ ਮਾਣਦਾ ਹੈ)।4। 31।100।